ਸੰਖੇਪ ਖ਼ਬਰਾਂ

ਪੁਰਾਣੇ ਵਿਦਿਆਰਥੀਆਂ ਦੀ ਸੰਸਥਾ ਨੇ ਸਕੂਲੀ ਬੱਚਿਆਂ ਨੂੰ ਵਰਦੀਆਂ ਵੰਡੀਆਂ

ਧੂਰੀ • ਮਨੋਹਰ ਸਿੰਘ ਸੱਗੂ

ਸਥਾਨਕ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਾਇਮਰੀ ਬ੍ਰਾਂਚ 'ਚ ਪ੍ਰਿੰਸਸਥਾਨਕ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਾਇਮਰੀ ਬ੍ਰਾਂਚ 'ਚ ਪ੍ਰਿੰਸੀਪਲ ਸਰਬਜੀਤ ਕੌਰ ਅਤੇ ਹੈੱਡ ਟੀਚਰ ਸੁਖਵਿੰਦਰ ਕੌਰ ਦੀ ਅਗਵਾਈ ਹੇਠ ਹੋਏ ਸੰਖੇਪ ਸਮਾਗਮ ਦੌਰਾਨ ਸਕੂਲ ਦੇ ਪੁਰਾਣੇ ਵਿਦਿਆਰਥੀਆਂ ਦੀ ਸੰਸਥਾ ਵੱਲੋਂ ਸਕੂਲ ਦੇ ਬੱਚਿਆਂ ਨੂੰ ਵਰ੍ਹਦੀਆਂ ਵੰਡੀਆਂ ਗਈਆਂ। ਇਸ ਮੌਕੇ ਸਕੂਲ ਦੇ ਪੁਰਾਣੇ ਵਿਦਿਆਰਥੀਆਂ ਦੀ ਸੰਸਥਾ ਦੇ ਆਗੂਆਂ 'ਚ ਬਾਲ ਕ੍ਰਿਸ਼ਨ ਕਲਸੀ, ਮਨਜੀਤ ਸਿੰਘ ਧਨੋਵਾਲੇ, ਵਿਸ਼ਨੂੰ ਸ਼ਰਮਾਂ, ਜੋਗਾ ਸਿੰਘ ਡਾ: ਏ ਪੀ ਅਤੇ ਡਾ: ਸਾਧੂ ਸਿੰਘ ਵੱਲੋਂ ਜਿੱਥੇ ਪ੍ਰਾਇਮਰੀ ਬ੍ਰਾਂਚ ਦੇ 65 ਬੱਚਿਆਂ ਨੂੰ ਵਰ੍ਹਦੀਆਂ ਵੰਡੀਆਂ ਗਈਆਂ ਉਥੇ ਪਹਿਲੀਆਂ ਤਿੰਨ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਦੀ ਸਾਲ ਭਰ ਦੀ ਬਣਦੀ ਫੀਸ ਵੀ ਅਦਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਬੱਚਿਆਂ ਨੂੰ ਪੜ੍ਹਾਈ ਲਈ ਉਤਸਾਹਿਤ ਕਰਨ ਦੇ ਨਾਲ ਨਾਲ ਲੋੜਮੰਦ ਬੱਚਿਆਂ ਦੀ ਮਦਦ ਕਰਨਾ ਹੈ। ਹੈੱਡ ਟੀਚਰ ਸੁਖਵਿੰਦਰ ਕੌਰ ਨੇ ਸੰਸਥਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਸਾਰਿਆਂ ਦਾ ਧੰਨਵਾਦ ਕੀਤਾ। ਸਕੂਲ ਸਟਾਫ 'ਚ ਕੁਲਵੀਰ ਕੌਰ, ਕਿਰਨਦੀਪ ਕੌਰ, ਗੁਰਪ੍ਰੀਤ ਕੌਰ ਅਤੇ ਮੀਨੂ ਵਰਮਾ ਆਦਿ ਵੀ ਮੌਜੂਦ ਸਨ।

ਸ਼ਿਵਾਲਿਕ ਪਬਲਿਕ ਸਕੂਲ ਵਿਖੇ "ਆਗਾਜ਼" ਵੈਲਕਮ ਸੈਰੇਮਨੀ ਮਨਾਈ



ਤਪਾ ਮੰਡੀ • ਵਿਸ਼ਵਜੀਤ ਸ਼ਰਮਾ, ਜੁਗਰਾਜ ਸਿੱਧੂ

ਸ਼ਿਵਾਲਿਕ ਪਬਲਿਕ ਸਕੂਲ ਵਿੱਚ ਨਵੀਂ ਸ਼ੁਰੂਆਤ ਦੇ ਤੌਰ 'ਤੇ "ਆਗਾਜ਼"ਵੈਲਕਮ ਸੈਰੇਮਨੀ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਈ ਗਈ। ਇਸ ਮੌਕੇ 'ਤੇ ਕਿੰਡਰਗਾਰਟਨ ਦੇ ਨੰਨੇ-ਮੁੰਨੇ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ। ਬੱਚਿਆਂ ਨੇ ਸੁੰਦਰ ਨਾਚ ਪ੍ਰਦਰਸ਼ਨ, ਗਿੱਧਾ ਅਤੇ ਭੰਗੜਾ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।ਇਸ ਸਮਾਗਮ ਦੀ ਖਾਸ ਗੱਲ ਇਹ ਰਹੀ ਕਿ ਮਾਪਿਆਂ ਲਈ ਵੀ ਵੱਖ-ਵੱਖ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਪਿਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ ਅਤੇ ਸਮੂਹ ਮਾਹੌਲ ਖੁਸ਼ੀ ਅਤੇ ਹਾਸੇ ਨਾਲ ਭਰਪੂਰ ਰਿਹਾ। ਸਮਾਰੋਹ ਦੇ ਅੰਤ 'ਤੇ ਸਕੂਲ ਦੀ ਪ੍ਰਿੰਸੀਪਲ ਮੋਨਿਕਾ ਗਰਗ ਨੇ ਸਾਰੇ ਮਾਪਿਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਬੱਚਿਆਂ ਅਤੇ ਅਧਿਆਪਕਾਂ ਦੀ ਮਿਹਨਤ ਦੀ ਪ੍ਰਸ਼ੰਸਾ ਕਰਦਿਆਂ ਸਭ ਦਾ ਧੰਨਵਾਦ ਕੀਤਾ ਅਤੇ ਵੋਟ ਆਫ ਥੈਂਕਸ ਪੇਸ਼ ਕੀਤਾ। ਅੰਤ ਵਿੱਚ ਯੂ ਕੇ ਜੀ ਕਲਾਸ ਦੇ ਬੱਚਿਆਂ ਦੁਆਰਾ ਗ੍ਰੈਂਡ ਫਿਨਾਲੇ ਵਿੱਚ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ ਗਿਆ। ਜਿਸ ਵਿੱਚ ਬੱਚਿਆਂ ਨੇ ਹਮ ਹੈ ਸ਼ਿਵਾਲੀਕਿਆਨਜ ਸਕੂਲ ਐਂਥਮ ਤੇ ਖੂਬ ਡਾਂਸ ਕੀਤਾ। ਇਸ ਮੌਕੇ ਤੇ ਬੱਚਿਆਂ ਦੇ ਮਾਪਿਆਂ ਦੁਆਰਾ ਬੱਚਿਆਂ ਦੀ ਗਤਿਵਿਧਿਆਂ ਦਾ ਵੀ ਆਨੰਦ ਮਾਣਿਆ ਗਿਆ ਸਮਾਗਮ ਬੜੇ ਹੀ ਯਾਦਗਾਰ ਅਤੇ ਖੁਸ਼ਗਵਾਰ ਢੰਗ ਨਾਲ ਸੰਪੰਨ ਹੋਇਆ।

ਬਲੌਸਮਜ਼ ਸਕੂਲ 'ਚ ਵਿਦਿਆਰਥੀਆਂ ਦਾ ਹੋਇਆ ਸਵਾਗਤ

ਜਗਰਾਉਂ • ਰਣਜੀਤ ਸਿੱਧਵਾਂ

ਬਲੌਸਮਜ਼ ਕਾਨਵੈਂਟ ਸਕੂਲ ਵੱਲੋਂ ਨਵੇਂ ਸੈਸ਼ਨ ਦੀ ਆਰੰਭਤਾ 'ਤੇ ਵਿਦਿਆਰਥੀਆਂ ਨੂੰ ਜੀ ਆਇਆਂ ਆਖਦੇ ਉਹਨਾਂ ਦਾ ਅਗਲੇਰੀਆਂ ਜਮਾਤਾਂ ਵਿਚ ਪਹੁੰਚਣ 'ਤੇ ਸਵਾਗਤ

ਕੀਤਾ ਗਿਆ। ਸਾਰੇ ਹੀ ਵਿਦਿਆਰਥੀ ਬਹੁਤ ਹੀ ਚਾਅ ਅਤੇ ਨਵੀਂ ਉਮੀਦ ਨਾਲ ਸਕੂਲ ਪਹੁੰਚੇ ਤੇ ਫੁੱਲਾਂ ਦੀ ਵਰਖਾ ਨਾਲ ਹੋਏ ਸਵਾਗਤ ਦਾ ਖੁਸ਼ੀ ਨਾਲ ਆਨੰਦ ਮਾਣਿਆ। ਇਸ ਖੁਸ਼ੀ ਦੇ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਕਿਹਾ ਕਿ ਸਕੂਲ ਭਵਿੱਖ ਨੂੰ ਸੰਵਾਰਨ ਦਾ ਸਥਾਨ ਹੁੰਦਾ ਹੈ। ਵਿਦਿਆਰਥੀਆਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਅਸੀਂ ਹਮੇਸ਼ਾ ਉਹਨਾਂ ਦੀ ਸੋਚ ਤੇ ਉਮੀਦਾਂ ਨੂੰ ਪਹਿਲ ਦਿੰਦੇ ਹਾਂ। ਅਸੀਂ ਨਵੇਂ ਸੈਸ਼ਨ ਤੇ ਇਹਨਾਂ ਨੂੰ ਨਵੀਂ ਸੋਚ ਨਾਲ ਅੱਗੇ ਦੀਆਂ ਜਮਾਤਾਂ ਲਈ ਤਿਆਰੀ ਸ਼ੁਰੂ ਕਰਵਾ ਰਹੇ ਹਾਂ ਤਾਂ ਜੋ ਆਉਣ ਵਾਲੇ ਸਾਲਾਂ ਵਿਚ ਚੰਗੇ ਨਤੀਜੇ ਸਾਹਮਣੇ ਆਉਣ ਅਤੇ ਉਨ੍ਹਾਂ ਦਾ ਸਰਵ-ਪੱਖੀ ਵਿਕਾਸ ਵੀ ਹ�ो ਸਕੇ। ਇਸ ਮੌਕੇ ਸਕੂਲ ਦੇ ਪ੍ਰਧਾਨ ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਮਾਪਿਆਂ ਨੂੰ ਵਿਸਵਾਸ਼ ਦਿਵਾਉਂਦੇ ਹਾਂ ਕਿ ਅਸੀਂ ਵਿਦਿਆਰਥੀਆਂ ਦੇ ਭਵਿੱਖ ਨੂੰ ਉਜਵਲ ਕਰਨ ਲਈ ਵਚਨਬੱਧ ਹਾਂ।

ਭਾਜਪਾ ਦਫਤਰ ਚੰਡੀਗੜ੍ਹ ਦੇ ਬਾਹਰ ਧਮਾਕਾ ਨਿੰਦਣਯੋਗ : ਅਜੈ ਕਟਾਰੀਆ

ਬਲਾਚੌਰ • ਸਮਰਦੀਪ ਸਿੰਘ

ਹਲਕਾ ਬਲਾਚੌਰ ਤੋਂ ਭਾਰਤੀ ਜਨਤਾ ਪਾਰਟੀ ਦੇ ਹਲਕਾ ਸਹਿ ਇੰਚਾਰਜ ਅਜੈ

ਕਟਾਰੀਆ ਨੇ ਚੰਡੀਗੜ੍ਹ ਵਿੱਚ ਭਾਜਪਾ ਦਫਤਰ ਦੇ ਬਾਹਰ ਹੋਏ ਧਮਾਕੇ ਦੀ ਘਟਨਾ ਦੀ ਨਿੰਦਾ ਕਰਦਿਆ ਇਸ ਨੂੰ ਲੋਕਤੰਤਰ ਤੇ ਅਮਨ-ਕਾਨੂੰਨ 'ਤੇ ਹਮਲਾ ਕਰਾਰ ਦਿੱਤਾ ਹੈ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਡਰਾਉਣੀਆਂ ਅਤੇ ਨਿੰਦਣਯੋਗ ਘਟਨਾਵਾਂ ਨਾਲ ਭਾਜਪਾ ਦੇ ਕਾਰਕੁਨਾਂ ਦਾ ਹੌਸਲਾ ਕਦੇ ਵੀ ਡੋਲਣ ਵਾਲਾ ਨਹੀਂ। ਕਟਾਰੀਆ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਘਟਨਾ ਦੀ ਉਚ-ਪੱਧਰੀ ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ। ਕਟਾਰੀਆ ਨੇ ਕਿਹਾ ਕਿ ਪੰਜਾਬ ਅੰਦਰ ਭਾਜਪਾ ਦਾ ਜਨ ਆਧਾਰ ਲਗਾਤਾਰ ਵੱਧ ਰਿਹਾ ਹੈ। ਅੱਜ ਪੰਜਾਬ ਨੂੰ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦੀ ਲੋੜ ਹੈ, ਜੋ ਸੂਬੇ ਨੂੰ ਮੁੜ ਤੋਂ ਲੀਹਾਂ 'ਤੇ ਤੋਰ ਸਕਦੀ ਹੈ। ਦੇਸ਼ ਵਿਰੋਧੀ ਤਾਕਤਾਂ ਪੰਜਾਬ ਦੇ ਅਮਨ-ਕਾਨੂੰਨ ਨੂੰ ਲਾਂਬੂ ਲਾਉਣ ਦੀਆਂ ਕੋਸ਼ੀਆਂ ਚਾਲਾਂ ਚਲ ਰਹੇ ਹਨ, ਜੋ ਕਦੇ ਵੀ ਕਾਮਯਾਬ ਨਹੀਂ ਹੋਣਗੀਆਂ।

ਭਗਵੰਤ ਮਾਨ ਵੱਲੋਂ ਅਕਾਲੀ ਦਲ ਪ੍ਰਧਾਨ ਖਿਲਾਫ ਕੀਤੀ ਬਿਆਨਬਾਜ਼ੀ ਨਿੰਦਣਯੋਗ : ਅਵਤਾਰ ਸਿੰਘ ਰਿਆ

ਫਤਿਹਗੜ੍ਹ ਸਾਹਿਬ • ਨਰਿੰਦਰ ਸਿੰਘ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ

ਬਾਦਲ ਖਿਲਾਫ ਕੀਤੀ ਗਈ ਕਿਕਲੀ ਰਾਹੀਂ ਅਮਲੀ ਬੋਲਣ ਵਾਲੀ ਟਿੱਪਣੀ ਦੀ ਕੜੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਇਸ ਤਰ੍ਹਾਂ ਦੀ ਹਲਕੀ ਅਤੇ ਗੈਰ-ਜਿੰਮੇਵਾਰ ਬਿਆਨਬਾਜ਼ੀ ਕਰਨੀ ਨਾ ਸਿਰਫ਼ ਸਿਆਸਤ ਤੋਂ ਪ੍ਰੇਰਿਤ ਹੈ, ਸਗੋਂ ਇਹ ਪੰਜਾਬ ਦੇ ਲੋਕਾਂ ਦੀ ਸੋਚ ਅਤੇ ਸੱਭਿਆਚਾਰ ਨੂੰ ਵੀ ਠੇਸ ਪਹੁੰਚਾਉਂਦੀ ਹੈ। ਉਨ੍ਹਾਂ ਕਿਹਾ ਕਿ ਇੱਕ ਜਿੰਮੇਵਾਰ ਅਹੁਦੇ 'ਤੇ ਬੈਠੇ ਵਿਅਕਤੀ ਤੋਂ ਇਸ ਤਰ੍ਹਾਂ ਦੀ ਭਾਸ਼ਾ ਦੀ ਉਮੀਦ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਦੋਸ਼ ਲਾਇਆ ਕਿ ਭਗਵੰਤ ਸਿੰਘ ਮਾਨ ਸਰਕਾਰ ਲੋਕਾਂ ਦੇ ਮੁੱਦਿਆਂ ਤੋਂ ਧਿਆਨ ਹਟਾਉਣ ਲਈ ਇਸ ਤਰ੍ਹਾਂ ਦੀ ਬਿਆਨਬਾਜ਼ੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਬੇਰੁਜ਼ਗਾਰੀ, ਨਸ਼ਿਆਂ ਅਤੇ ਕਾਨੂੰਨ-ਵਿਵਸਥਾ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ, ਪਰ ਸਰਕਾਰ ਇਨ੍ਹਾਂ ਮਸਲਿਆਂ ਦਾ ਹੱਲ ਕਰਨ ਦੀ ਬਜਾਏ ਵਿਰੋਧੀਆਂ 'ਤੇ ਨਿਸ਼ਾਨੇ ਸਾਧ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਲੜਦੇ ਆਏ ਹਨ ਅਤੇ ਉਨ੍ਹਾਂ ਖਿਲਾਫ ਇਸ ਤਰ੍ਹਾਂ ਦੀ ਭਾਸ਼ਾ ਵਰਤਣਾ ਬਿਲਕੁਲ ਗਲਤ ਹੈ। ਅਖੀਰ ਵਿੱਚ, ਉਨ੍ਹਾਂ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਹੁਦੇ ਦੀ ਮਰਯਾਦਾ ਨੂੰ ਸਮਝਦੇ ਹੋਏ ਭਵਿੱਖ ਵਿੱਚ ਇਸ ਤਰ੍ਹਾਂ ਦੀ ਸ਼ਬਦਾਵਲੀ ਤੋਂ ਗੁਰੇਜ਼ ਕਰਨ ਅਤੇ ਪੰਜਾਬ ਦੇ ਅਸਲ ਮੁੱਦਿਆਂ 'ਤੇ ਧਿਆਨ ਦੇਣ।

ਮੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਨੇ ਆਪਣਾ 29ਵਾਂ ਸਥਾਪਨਾ ਦਿਵਸ ਮਨਾਇਆ

ਸੰਡਿਆਲਾ ਗੁਰੂ • ਭੂਪਿੰਦਰ ਸਿੰਘ ਸਿੱਧੂ

ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਸੰਡਿਆਲਾ ਗੁਰੂ ਦਾ 29ਵਾਂ ਸਥਾਪਨਾ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਮਿਤੀ 2 ਅਪ੍ਰੈਲ ਨੂੰ ਸਕੂਲ ਦੇ ਗੁਰਦੁਆਰਾ ਸਾਹਿਬ ਵਿੱਚ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਾਹਿਬ ਰੱਖੇ ਗਏ। ਜਿਨਾਂ ਦੇ ਭੋਗ 4 ਅਪ੍ਰੈਲ ਦਿਨ ਸ਼ਨੀਵਾਰ ਨੂੰ ਪਾਏ ਗਏ। ਉਪਰੰਤ ਸਕੂਲ ਦੇ ਸ਼ਾਨਦਾਰ ਆਡੋਟੋਰੀਅਮ ਵਿੱਚ ਕੀਰਤਨ ਦਰਬਾਰ ਕਰਵਾਇਆ ਗਿਆ। ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਰਸ ਭਿੰਨਾ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ 'ਤੇ ਸੰਤ ਬਾਬਾ ਪਰਮਾਨੰਦ ਜੀ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਬਾਬਾ ਹੁੰਦਲ ਜੀ ਵਿਸ਼ੇਸ਼ ਤੌਰ ਤੇ ਪਹੁੰਚੇ। ਜਿਨਾਂ ਨੇ ਆਪਣੇ ਅਨਮੋਲ ਬਚਨਾਂ

ਰਾਹੀਂ ਸੰਗਤਾਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ 'ਤੇ ਸ੍ਰੀਮਤੀ ਅਮਨਦੀਪ ਕੌਰ ਡਾਇਰੈਕਟਰ ਸੇਂਟ ਸੋਲਜਰ ਇਲੀਟ ਕੈਂਬਰਿਜ ਸਕੂਲ ਰਾਮ ਤੀਰਥ ਰੋਡ ਅੰਮ੍ਰਿਤਸਰ, ਸ੍ਰੀਮਤੀ ਹਰਜਿੰਦਰ ਪਾਲ ਕੌਰ, ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਮਜੀਠਾ, ਡਾਕਟਰ ਰੁਪਿੰਦਰ ਪਾਲ ਸਿੰਘ, ਡਾ: ਹਰਜਿੰਦਰ ਸਿੰਘ, ਸ: ਬਲਵਿੰਦਰ ਸਿੰਘ ਭੋਲਾ, ਸ. ਅਵਤਾਰ ਸਿੰਘ ਕਾਲਾ, ਸ. ਜਰਨੈਲ ਸਿੰਘ ਸ, ਹਰਦੇਵ ਸਿੰਘ, ਸ੍ਰੀ ਰਜਨੀਸ਼ ਜੈਨ, ਸ੍ਰੀ ਗੁਲਸ਼ਨ ਜੈਨ, ਸ. ਬਲਦੇਵ ਸਿੰਘ ਗਾਂਧੀ, ਸ. ਬਲਵਿੰਦਰ ਸਿੰਘ. ਸ. ਅਰਸ਼ਦੀਪ ਸਿੰਘ ਸ. ਅਜੇਪਾਲ ਸਿੰਘ ਕਨੇਡਾ, ਸ੍ਰੀਮਤੀ ਗੁਨੀਤ ਕੌਰ, ਸ. ਸਵਿੰਦਰ ਸਿੰਘ ਚੰਦੀ, ਅਤੇ ਬੱਚਿਆਂ ਦੇ ਮਾਪੇ ਵੀ ਵਿਸ਼ੇਸ਼ ਤੌਰ ਤੇ ਪਹੁੰਚੇ। ਸੇਂਟ ਸੋਲਜਰ ਸਕੂਲ ਦੇ ਮੈਨੇਜਰ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਆਈਆਂ ਹੋਈਆਂ ਸੰਗਤਾਂ ਨੂੰ ਜੀ ਆਇਆ ਕਹਿਦਿਆਂ ਉਹਦਾ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੂਟ ਵਰਤਾਇਆ ਗਿਆ।

ਗੁਰਦੁਆਰਾ ਚਰਨ ਕੰਵਲ ਜੀਂਦੋਵਾਲ-ਬੰਗਾ ਤੇ ਗੋਬਿੰਦਪੁਰ ਵਿਖੇ ਭੇਟ ਕੀਤੇ ਸੋਨੇ ਦੇ ਚੌਰ ਸਾਹਿਬ

ਬੰਗਾ • ਰਾਜ ਮਜਾਰੀ

ਗੁਰਦੁਆਰਾ ਪਾਤਸ਼ਾਹੀ ਛੇਵੀਂ ਚਰਨ ਕੰਵਲ ਸਾਹਿਬ ਜੀਂਦੋਵਾਲ-ਬੰਗਾ ਅਤੇ ਗੋਬਿੰਦਪੁਰ ਵਿਖੇ ਸਰਦਾਰ ਸੋਹਣ ਸਿੰਘ ਝਿੱਕਾ ਇੰਗਲੈਂਡ ਨਿਵਾਸੀ ਵਲੋਂ ਆਪਣੇ ਭਰਾ ਅਜੀਤ ਸਿੰਘ ਅਤੇ ਦਾਦੀ ਮਹਾਂ ਕੌਰ ਦੀ ਯਾਦ ਵਿੱਚ ਚੌਰ ਸਾਹਿਬ ਭੇਟ ਕੀਤੇ ਗਏ। ਸ਼੍ਰੋਮਣੀ ਕਮੇਟੀ ਦੇ ਮੁੱਖ ਬੁਲਾਰੇ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਨੇ ਉਨਾਂ ਦਾ ਧੰਨਵਾਦ ਕਰਦੇ ਹੋਏ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰੋਪਾਓ ਨਾਲ ਉਨਾਂ ਦਾ ਸਨਮਾਨ ਕੀਤਾ। ਜਥੇਦਾਰ ਗੁਰਬਖਸ ਸਿੰਘ ਖਾਲਸਾ ਨੇ ਕਿਹਾ ਕਿ ਆਦਿ ਕਾਲ ਤੋਂ ਹੀ ਚੱਲੀ ਆ ਰਹੀ ਪ੍ਰੰਪਰਾ ਅਨੁਸਾਰ ਗੁਰੂ ਘਰ ਦੇ ਸ਼ਰਧਾਵਾਨ ਸਿੱਖ ਸਰਦਾਰ ਸੋਹਣ ਸਿੰਘ ਝਿੱਕਾ ਨੇ ਆਪਣੇ ਪਰਿਵਾਰ ਦੇ ਵਿਛੜੇ ਪਿਆਰਿਆਂ ਦੀ ਯਾਦ ਵਿਚ ਆਪਣੀ

ਕਿਰਤ ਕਮਾਈ ਵਿੱਚੋ ਸੋਨੇ ਦੇ ਚੌਰ ਸਾਹਿਬ ਭੇਟ ਕਰਕੇ ਆਪਣੇ ਸਨੇਹ ਅਤੇ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ ਹੈ। ਜਿਕਰਯੋਗ ਹੈ ਕਿ ਇਸ ਪਹਿਲਾਂ ਵੀ ਸਰਦਾਰ ਸੋਹਣ ਸਿੰਘ ਝਿੱਕਾ ਇੰਗਲੈਂਡ ਨਿਵਾਸੀ ਹੋਰ ਵੀ ਵੱਧ-ਵੱਧ ਗੁਰੂ ਘਰਾਂ ਵਿਚ ਸੋਨੇ ਦੇ ਚੌਰ ਸਾਹਿਬ ਤੇ ਕੀਮਤੀ ਸੁਗਾਤਾਂ ਭੇਟ ਕਰ ਚੁੱਕੇ ਹਨ। ਇਸ ਸਮੇਂ ਗੁਰਦੁਆਰਾ ਚਰਨ ਕੰਵਲ ਸਾਹਿਬ ਦੇ ਮੈਨੇਜਰ ਹਰਭਜਨ ਸਿੰਘ, ਕਥਾਵਾਚਕ ਗਿਆਨੀ ਪਲਵਿੰਦਰ ਸਿੰਘ, ਜਥੇਦਾਰ ਹਰਦੀਪ ਸਿੰਘ ਕੋਟ ਰਾਝਾ, ਜਥੇਦਾਰ ਪੰਜਾਬ ਸਿੰਘ ਸੁੱਜੋਵਾਲ, ਡਾ. ਕਸ਼ਮੀਰ ਸਿੰਘ ਢਿੱਲੋਂ, ਸੂਬੇਦਾਰ ਫਤਿਹ ਸਿੰਘ, ਹਰਦੀਪ ਸਿੰਘ ਗਰੂੰਣ, ਸਰਬਜੀਤ ਸਿੰਘ ਕਾਹਮਾ, ਕਮਲਜੀਤ ਸਿੰਘ ਗੋਬਿੰਦਪੁਰ ਅਤੇ ਧਰਮ ਸਿੰਘ ਗੋਬਿੰਦਪੁਰ ਆਦਿ ਗੁਰੂ ਘਰ ਦੇ ਸੇਵਾਦਾਰ ਵੀ ਹਾਜ਼ਰ ਸਨ।

ਸਰਕਾਰੀ ਮਿਡਲ ਅਤੇ ਪ੍ਰਾਇਮਰੀ ਸਕੂਲ ਧਾਂਦਰਾ ਵਿਖੇ ਸਟੇਸ਼ਨਰੀ ਵੰਡੀ ਗਈ

ਧੂਰੀ • ਮਲਕੀਤ ਸਿੰਘ ਚਾਂਗਲੀ

ਸ਼ੈਸਨ 2026-27 ਦੀ ਸ਼ੁਰੂਆਤ ਤੇ ਦੀ ਐੱਜ ਓਵਰਸੀਜ ਕੰਨਸਲਟੈਂਟ ਧੂਰੀ ਵੱਲੋਂ ਐਮ ਡੀ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਹੇਠ ਸਰਕਾਰੀ ਸਕੂਲ ਪ੍ਰਾਇਮਰੀ ਅਤੇ ਮਿਡਲ ਧਾਂਦਰਾ ਦੇ ਸਾਰੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਦਾ ਸਮਾਨ ਵੰਡਿਆ ਗਿਆ। ਇਸ ਤੋਂ ਇਲਾਵਾ ਹੋਣਹਾਰ ਵਿਦਿਆਰਥੀਆਂ ਨੂੰ ਉੱਚਿਤ ਇਨਾਮ ਵੀ ਵੰਡੇ ਗਏ। ਦੀ ਐਜ ਓਵਰਸੀਜ ਕੰਸਲਟੈਂਟ ਧੂਰੀ ਦੇ ਐਮ .ਡੀ . ਜਗਸੀਰ ਸਿੰਘ ਜੱਗੀ ਢੀਂਡਸਾ ਅਤ